## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-04-2024**

ਲੋਕ ਸਭਾ ਚੋਣਾਂ ਦੇ ਦੂਜੇ ਗੇੜ ਵਿਚ ਕੱਲ੍ਹ ਕੋਈ 61 ਫੀਸਦੀ ਮਤਦਾਨ ਦਰਜ ਕੀਤਾ ਗਿਆ ਏ। ਇਸ ਗੇੜ ਵਿਚ 88 ਲੋਕ ਸਭਾ ਸੀਟਾਂ 'ਤੇ ਵੋਟਾਂ ਪਈਆਂ ਨੇ। ਗਰਮੀ ਦੀ ਲਹਿਰ ਦੇ ਬਾਵਜੂਦ, ਵੱਖ-ਵੱਖ ਖੇਤਰਾਂ ਦੇ ਵੋਟਰਾਂ ਨੇ ਉਤਸ਼ਾਹ ਨਾਲ ਪੋਲਿੰਗ ਵਿਚ ਹਿੱਸਾ ਲਿਆ ਅਤੇ ਪੋਲਿੰਗ ਵੱਡੇ ਪੱਧਰ 'ਤੇ ਸ਼ਾਂਤੀਪੂਰਨ ਰਹੀ। 13 ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਵੋਟਰਾਂ ਨੇ ਆਪਣੇ ਪੋਲਿੰਗ ਸਟੇਸ਼ਨਾਂ 'ਤੇ ਆਪਣੀ ਵੋਟ ਪਾਉਣ ਲਈ ਉਤਸ਼ਾਹ ਨਾਲ ਹਿੱਸਾ ਲਿਆ।

---

ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ, ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ, ਕੁਸ਼ਲਪਾਲ ਸਿੰਘ ਮਾਨ ਵੱਲੋਂ ਮੁਹਾਲੀ ਦੇ ਨਿਊ ਚੰਡੀਗੜ੍ਹ ਖੇਤਰ ਦੇ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਸਬੰਧੀ

ਜਾਣਕਾਰੀ ਸਾਂਝੀ ਕਰਦਿਆਂ ਉਨਾਂ ਦੇ ਚੋਣ ਇੰਚਾਰਜ ਸੁਖਵਿੰਦਰ ਸਿੰਘ ਭਾਟੀਆ ਨੇ ਪਿੰਡ ਪਲਹੇੜੀ ਵਿਖੇ ਦੱਸਿਆ ਕਿ, ਉਨਾਂ ਦੀ ਪਾਰਟੀ ਦਾ ਮੁੱਦਾ ਰਵਾਇਤੀ ਸਿਆਸੀ ਪਾਰਟੀਆਂ ਵੱਲੋਂ ਲੋਕ ਹਿੱਤਾਂ ਵਿੱਚ ਕੰਮ ਕਰਨ ਦੀ ਥਾਂ ਧਰਮ ਅਤੇ ਸਮਾਜ ਦਾ ਨੁਕਸਾਨ ਕਰਕੇ, ਸਿਰਫ ਆਪਣੀ ਕੁਰਸੀ ਤੇ ਕਾਰੋਬਾਰ ਨੂੰ ਕਾਇਮ ਕਰਨ ਲਈ ਆਪਣਾਏ ਕੋਝੇ ਹੱਥ-ਕੰਡਿਆਂ ਬਾਰੇ ਜਾਣੂ ਕਰਵਾਉਣਾ ਏ। ਉਨਾਂ ਕਿਹਾ ਕਿ ਅਕਾਲੀ ਦਲ ਬਾਦਲ ਵੱਲੋਂ ਡੇਰਿਆਂ ਦੀਆਂ ਵੋਟਾਂ ਲੈਣ ਲਈ, ਸਿੱਖ ਪੰਥ ਦੇ ਨੁਕਸਾਨ ਅਤੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੇ ਨਿਰਦੋਸ਼ ਸੰਗਤਾਂ ਤੇ ਗੋਲੀ ਚਲਾਉਣ ਦੀਆਂ ਮਾੜੀਆਂ ਘਟਨਾਵਾਂ ਬਾਰੇ ਵੀ ਵੋਟਰਾਂ ਨੂੰ ਦੱਸਿਆ ਜਾ ਰਿਹਾ ਏ।

---------------------------------------------------------

ਲੋਕ ਸਭਾ ਚੋਣਾਂ ਵਿੱਚ ਸੰਗਰੂਰ ਤੋਂ, ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਦੀ ਚੋਣ ਮੁਹਿੰਮ ਨੂੰ ਸਿਖਰਾਂ ਉਤੇ ਲਿਜਾਣ ਲਈ, ਕੱਲ ਨੂੰ ਬਰਨਾਲਾ ਦੇ ਮੈਰੀਲੈਂਡ ਪੈਰਿਸ ਵਿਖੇ ਬਾਅਦ ਦੁਪਹਿਰ ਰੱਖੀ ਰੈਲੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਸੰਬੋਧਨ ਕਰਨਗੇ। ਇਕ ਬਿਆਨ ਵਿੱਚ ਇਹ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਕੈਬਨਿਟ ਮੰਤਰੀ ਮੀਤ ਹੇਅਰ ਨੇ ਕਿਹਾ ਕਿ ਪੰਜਾਬ ਨੂੰ ਮੁੜ ਰੰਗਲਾ, ਹੱਸਦਾ ਤੇ ਖੇਡਦਾ ਬਣਾਉਣ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵੱਡੀ ਭੂਮਿਕਾ ਏ। ਉਨਾਂ ਕਿਹਾ ਕਿ ਸੂਬਾ ਸਰਕਾਰ ਨੇ ਦੋ ਸਾਲਾਂ ਵਿੱਚ ਰਿਕਾਰਡ ਕੰਮ ਕੀਤੇ ਨੇ ਅਤੇ ਇਸ ਵਿਚ 300 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ, ਸਕੂਲ ਆਫ਼ ਐਮੀਨੈਂਸ, ਆਮ ਆਦਮੀ ਕਲੀਨਿਕ ਤੋਂ ਇਲਾਵਾ ਪ੍ਰਾਈਵੇਟ ਥਰਮਲ ਪਾਵਰ ਪਲਾਂਟ ਖਰੀਦ ਕੇ ਪੰਜਾਬ ਦੇ ਲੋਕਾਂ ਨੂੰ ਦੇਣਾ ਸ਼ਾਮਲ ਨੇ।

----------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪਟਿਆਲਾ ਲੋਕ ਸਭਾ ਹਲਕੇ ਤੋਂ ਉਮੀਦਵਾਰ, ਐਨ ਕੇ ਸ਼ਰਮਾ ਨੇ ਕਿਹਾ ਏ, ਕਿ ਪਟਿਆਲਾ ਵਿਚ ਬਣਨ ਵਾਲੇ ਉੱਤਰੀ ਬਾਈਪਾਸ ਲਈ ਕਿਸਾਨਾਂ ਨੂੰ ਐਕਵਾਇਰ ਕੀਤੀ ਜ਼ਮੀਨਾਂ ਦਾ ਮੁਆਵਜ਼ਾ ਦਿੱਤੇ ਬਗੈਰ, ਸੜਕ ਦਾ ਟੈਂਡਰ ਲਗਵਾ ਕੇ BJP ਆਗੂ ਪ੍ਰਨੀਤ ਕੌਰ ਅਤੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਕਿਸਾਨਾਂ ਦੀਆਂ ਜ਼ਮੀਨਾਂ ’ਤੇ ਗੈਰ ਕਾਨੂੰਨੀ ਕਬਜ਼ਾ ਕਰਵਾਉਣਾ ਚਾਹੁੰਦੇ ਨੇ। ਇਕ

ਬਿਆਨ ਵਿਚ ਉਨਾਂ ਕਿਹਾ ਕਿ ਉਹ ਹੈਰਾਨ ਨੇ, ਕਿ ਤਿੰਨ ਸਾਲ ਤੋਂ ਕਿਸਾਨਾਂ ਨੂੰ ਜ਼ਮੀਨ ਦੇ ਮੁਆਵਜ਼ੇ ਦਾ ਇਕ ਪੈਸਾ ਵੀ ਨਹੀਂ ਮਿਲਿਆ, ਪਰ ਪ੍ਰਨੀਤ ਕੌਰ ਨੇ ਸੜਕ ਦਾ 764 ਕਰੋੜ ਰੁਪਏ ਦਾ ਟੈਂਡਰ ਲਗਵਾ ਦਿੱਤਾ ਏ ਜਿਹੜਾ ਖੁੱਲ੍ਹ ਵੀ ਗਿਆ ਏ। ਉਹਨਾਂ ਕਿਹਾ ਕਿ ਜਦੋਂ ਟੈਂਡਰ ਖੁੱਲ੍ਹ ਗਿਆ ਤਾਂ ਸੁਭਾਵਕ ਏ, ਕਿ ਸੜਕ ਬਣਾਉਣ ਲਈ ਜ਼ਿੰਮੇਵਾਰ ਭਾਰਤੀ ਸ਼ਾਹਰਾਹ ਅਥਾਰਟੀ ਹੁਣ ਜ਼ਮੀਨਾਂ ਦਾ ਕਬਜ਼ਾ ਲੈਣਾ ਸ਼ੁਰੂ ਕਰ ਦੇਵੇਗੀ।

--------------------------------------------------------

ਪੰਜਾਬ ਵਿਚ ਸਵੀਪ ਗਤੀਵਿਧੀਆਂ ਤਹਿਤ ਲਗਾਤਾਰ ਲੋਕਾਂ ਨੂੰ ਵੋਟ ਪਾਉਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ। ਸ੍ਰੀ ਮੁਕਤਸਰ ਸਾਹਿਬ ਜ਼ਿਲੇ ਵਿਚ ਸਵੀਪ ਟੀਮ ਨੇ ਲੋਕ ਸਭਾ ਚੋਣਾਂ ਸਬੰਧੀ ਕੱਲ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵੋਟਰ ਜਾਗਰੂਕਤਾ ਅਭਿਆਨ ਚਲਾਇਆ । ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੰਬੀ, ਅਕਾਲ ਅਕੈਡਮੀ, ਡੀ.ਏ.ਵੀ. ਗਰਲਜ ਸੀਨੀਅਰ ਸੈਕੰਡਰੀ ਸਕੂਲ ਅਤੇ ਸੀ.ਆਰ.ਐਮ. ਡੀ.ਏ.ਵੀ. ਮਾਡਲ ਹਾਈ ਸਕੂਲ ਸ੍ਰੀ ਮੁਕਤਸਰ ਸਾਹਿਬ

ਵਿਖੇ ਸਟਾਫ਼ ਦੀ ਮੌਜੂਦਗੀ ਵਿੱਚ ਵਿਦਿਆਰਥੀਆਂ ਨੂੰ ਲੋਕ ਸਭਾ ਚੋਣਾਂ ਲਈ ਉਨ੍ਹਾਂ ਦੇ ਮਾਪਿਆਂ ਦੀਆਂ ਵੋਟਾਂ ਪਵਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ । ਸਟਾਫ ਅਤੇ ਵਿਦਿਆਰਥੀਆਂ ਨੂੰ ਵੋਟਰ ਪ੍ਰਣ ਕਰਵਾਇਆ ਗਿਆ ਅਤੇ ਵੋਟ ਦੀ ਮਹੱਤਤਾ ਬਾਰੇ ਦੱਸਦਿਆਂ ਵੱਧ ਤੋਂ ਵੱਧ ਭਾਗੀਦਾਰੀ ਲਈ ਅਪੀਲ ਕੀਤੀ ਗਈ ਤੇ ਸੰਕਲਪ ਪੱਤਰ ਵੀ ਦਿੱਤੇ ਗਏ ।

-----------------------------------------------------------

ਓਧਰ ਬਰਨਾਲਾ ਜ਼ਿਲ੍ਹਾ ਸਿੱਖਿਆ ਦਫ਼ਤਰ ਅਤੇ ਜ਼ਿਲ੍ਹਾ ਸਵੀਪ ਟੀਮ ਨੇ ਸਾਂਝੇ ਤੌਰ 'ਤੇ ਸ੍ਰੀ L.B.S. ਆਰੀਆ ਮਹਿਲਾ ਕਾਲਜ ਵਿਖੇ ਵੋਟਰ ਜਾਗਰੂਕਤਾ ਤੇ ਰੰਗੋਲੀ ਮੁਕਾਬਲੇ ਕਰਵਾਏ । ਕਾਲਜ ਦੇ ਪ੍ਰਿੰਸੀਪਲ ਡਾ. ਨੀਲਮ ਸ਼ਰਮਾ ਨੇ, ਦੱਸਿਆ ਕਿ ਇਸ ਵਿੱਚ 4 ਕਾਲਜਾਂ ਦੀਆਂ ਟੀਮਾਂ ਅਤੇ ਜ਼ਿਲ੍ਹੇ ਚੋਂ 32 ਸਕੂਲਾਂ ਨੇ ਹਿੱਸਾ ਲਿਆ । ਐਸ.ਡੀ.ਐਮ. ਵਰਿੰਦਰ ਸਿੰਘ ਨੇ ਵਿਸ਼ੇਸ਼ ਤੌਰ' ਤੇ ਸ਼ਿਰਕਤ ਕਰਦਿਆਂ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਵੋਟਰ ਜਾਗਰੂਕਤਾ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਨ੍ਹਾਂ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੇਂਡਰੀ

ਸਕੂਲ ਠੀਕਰੀਵਾਲ ਪਹਿਲੇ, ਚੀਮਾ ਜੋਧਪੁਰ ਦੂਜੇ ਅਤੇ ਮੁੰਡਿਆਂ ਦਾ ਜੀ.ਐਸ.ਐਸ. ਸਕੂਲ ਧਨੌਲਾ ਤੀਸਰੇ ਸਥਾਨ 'ਤੇ ਰਹੇ। ਇਸ ਦੌਰਾਨ ਸਟੂਡੈਂਟ ਪੁਲਿਸ ਕੈਡਟ ਸਕੀਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੀਮਾ ਜੋਧਪੁਰ ਵਿਖੇ ਇਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਅਧਿਆਪਕਾਂ ਪੂਨਮ ਸ਼ਰਮਾ, ਪਾਇਲ ਗਰਗ ਤੇ ਸੁਮਨ ਬਾਲਾ ਨੇ ਬੱਚਿਆਂ ਨੂੰ ਆਮ ਨਾਗਰਿਕ ਦੀਆਂ ਜਿੰਮੇਵਾਰੀਆਂ ਅਤੇ ਅਧਿਕਾਰਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਦਿਆਰਥੀ ਕਿਸੇ ਵੀ ਅਪਰਾਧ ਦਾ ਸ਼ਿਕਾਰ ਹੁੰਦਾ ਏ, ਉਸ ਨੂੰ ਬਿਨਾਂ ਕਿਸੇ ਡਰ ਤੋਂ ਇਸ ਬਾਰੇ ਆਪਣੇ ਮਾਂ-ਬਾਪ, ਅਧਿਆਪਕ ਜਾਂ ਪੁਲਸ ਨੂੰ ਜਾਣਕਾਰੀ ਦੇਣੀ ਚਾਹੀਦੀ ਏ। ਪ੍ਰਿੰਸੀਪਲ ਅਨਿਲ ਕੁਮਾਰ ਨੇ ਬੱਚਿਆਂ ਨੂੰ ਕਿਹਾ ਕਿ ਉਹ, ਆਪਣੇ ਮਾਤਾ-ਪਿਤਾ ਨੂੰ ਦੱਸਣ ਕਿ ਚੋਣਾਂ ਵਿੱਚ ਬਿਨਾਂ ਕਿਸੇ ਲਾਲਚ ਜਾਂ ਡਰ ਤੋਂ ਵੋਟ ਪਾਉਣਾ ਸਾਡਾ ਹੱਕ ਏ ਅਤੇ ਸਬ ਨੂੰ ਇਸ ਦੀ ਵਰਤੋਂ ਕਰਨੀ ਚਾਹੀਦੀ ਏ।

-------------------------------------------------------

ਸੀਮਾ ਸੁਰੱਖਿਆ ਬਲ ਨੇ ਅੰਮ੍ਰਿਤਸਰ ਦੇ ਸਰਹੱਦੀ ਖੇਤਰ

ਵਿੱਚ 510 ਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਬੀ.ਐਸ.ਐਫ ਦੇ ਖੁਫੀਆ ਵਿੰਗ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਵਿੱਚ ਇੱਕ ਸ਼ੱਕੀ ਪੈਕਟ ਦੀ ਮੌਜੂਦਗੀ ਬਾਰੇ ਸੂਚਨਾ ਮਿਲੀ ਸੀ। ਬੀ.ਐੱਸ.ਐੱਫ ਦੇ ਜਵਾਨਾਂ ਨੇ ਇਲਾਕੇ 'ਚ ਚਲਾਈ ਤਲਾਸ਼ੀ ਮੁਹਿੰਮ ਦੌਰਾਨ ਅੰਮ੍ਰਿਤਸਰ ਜ਼ਿਲੇ ਦੇ ਪਿੰਡ ਮਾਹਾਵਾ ਨਾਲ ਲੱਗਦੇ ਇੱਕ ਖੇਤ ਵਿੱਚੋਂ, 510 ਗ੍ਰਾਮ ਹੈਰੋਇਨ ਬਰਾਮਦ ਕੀਤੀ, ਜਿਸਨੂੰ ਪੀਲੀ ਚਿਪਕਣ ਵਾਲੀ ਟੇਪ ਨਾਲ ਲਪੇਟਿਆ ਹੋਇਆ ਸੀ।

------------------------------------------------------------

ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿਚ ਬੀਤੀ ਰਾਤ ਹਲਕਾ ਮੀਂਹ ਅਤੇ ਹਨੇਰੀ ਝੱਖੜ ਆਇਆ। ਮੋਹਾਲੀ, ਪਠਾਨਕੋਟ, ਗੁਰਦਾਸਪੁਰ ਅਤੇ ਕਪੂਰਥਲਾ ਵਿਖੇ ਮੀਂਹ ਦੇ ਨਾਲ ਤੇਜ਼ ਹਵਾਵਾਂ ਵਗਦੀਆਂ ਰਹੀਆਂ। ਕਪੂਰਥਲਾ ਜ਼ਿਲੇ ਵਿਚ ਮੀਂਹ ਅਤੇ ਹਨੇਰੀ ਕਾਰਨ ਰਾਤ ਤੋਂ ਹੀ ਕਈ ਥਾਵਾਂ 'ਤੇ ਬਿਜਲੀ ਗੁਲ ਰਹੀ ਅਤੇ ਕਪੂਰਥਲਾ-ਜਲੰਧਰ ਸੜਕ 'ਤੇ ਰਾਤ ਸਮੇਂ ਕਈ ਥਾਵਾਂ 'ਤੇ ਦਰੱਖਤ ਡਿੱਗਣ ਕਾਰਨ ਆਵਾਜਾਈ ਪ੍ਰਭਾਵਿਤ ਹੋਈ। ਅੱਜ ਸਵੇਰ ਤੋਂ ਸੂਬੇ ਵਿਚ ਹਲਕੀ ਧੁੱਪ

ਨਾਲ ਬਦਲ ਛਾਏ ਹੋਏ ਨੇ। ਮੌਸਮ ਵਿਭਾਗ ਨੇ ਪੰਜਾਬ ਵਿੱਚ 28, 29 ਤੇ 30 ਅਪ੍ਰੈਲ ਨੂੰ ਵੀ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਏ । ਵਿਭਾਗ ਨੇ ਪੰਜਾਬ 'ਚ ਕੁਝ ਥਾਵਾਂ 'ਤੇ ਗੜੇਮਾਰੀ ਹੋਣ ਦੀ ਵੀ ਸੰਭਾਵਨਾ ਜਤਾਈ ਏ । ਇਸ ਮੌਸਮ ਨੂੰ ਵੇਖਦਿਆਂ ਕਿਸਾਨਾਂ ਨੂੰ ਆਪਣੀ ਕੱਟੀ ਹੋਈ ਫ਼ਸਲ ਨੂੰ ਸੁਰੱਖਿਅਤ ਥਾਂ 'ਤੇ ਰੱਖਣ ਅਤੇ ਸਿੰਚਾਈ, ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨੂੰ ਅੱਗੇ ਪਾਉਣ ਦੀ ਅਪੀਲ ਕੀਤੀ ਗਈ ਏ।